# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 04-10-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 62 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀਆਂ ਵੱਖ-ਵੱਖ ਯੁਵਾ-ਕੇਂਦ੍ਰਿਤ ਪਹਿਲਕਦਮੀਆਂ ਦਾ ਉਦਘਾਟਨ ਕੀਤਾ ਏ, ਜਿਸ ਨਾਲ ਦੇਸ਼ ਭਰ ਵਿਚ ਸਿੱਖਿਆ, ਹੁਨਰ ਅਤੇ ਉੱਦਮਤਾ ਨੂੰ ਇਕ ਨਿਰਣਾਇਕ ਹੁਲਾਰਾ ਮਿਲੇਗਾ। ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਖੇ ਕੌਸ਼ਲ ਦਿਕਸ਼ਾਂਤ  ਸਮਾਰੋਹ ਦੌਰਾਨ, ਪ੍ਰਧਾਨ ਮੰਤਰੀ ਨੇ ਅਪਗ੍ਰੇਡ ਕੀਤੇ ਆਈ.ਟੀ.ਆਈਜ਼. -ਪੀਐਮ-ਸੇਤੂ ਰਾਹੀਂ ਪ੍ਰਧਾਨ ਮੰਤਰੀ ਹੁਨਰ ਤੇ ਰੁਜ਼ਗਾਰਯੋਗਤਾ ਪਰਿਵਰਤਨ ਦੀ ਸ਼ੁਰੂਆਤ ਕੀਤੀ। ਇਹ 60 ਹਜ਼ਾਰ ਕਰੋੜ ਰੁਪਏ ਦੇ ਨਿਵੇਸ਼ ਨਾਲ ਇਕ ਕੇਂਦਰੀ ਸਮਰਥਿਤ ਯੋਜਨਾ ਏ। ਇਸ ਯੋਜਨਾ ਤਹਿਤ ਦੇਸ਼ ਭਰ ਵਿਚ 1 ਹਜ਼ਾਰ ਸਰਕਾਰੀ ਆਈ.ਟੀ.ਆਈਜ਼ ਨੂੰ ਇਕ ਹੱਬ-ਐਂਡ-ਸਪੋਕ ਮਾਡਲ ਵਿਚ ਅਪਗ੍ਰੇਡ ਕਰਨ ਦੀ ਕਲਪਨਾ ਕੀਤੀ ਗਈ ਏ,  ਜਿਸ ਵਿੱਚ 200 ਹੱਬ ਆਈ.ਟੀ.ਆਈਜ਼ ਤੇ 800 ਸਪੋਕ ਆਟੀਆਜ਼ ਸ਼ਾਮਲ ਨੇ। ਸ਼੍ਰੀ ਮੋਦੀ ਨੇ 34 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ 400 ਨਵੋਦਿਆ

ਵਿਦਿਆਲਿਆ ਤੇ 200 ਏਕਲਵਯ ਮਾਡਲ ਰਿਹਾਇਸ਼ੀ ਸਕੂਲਾਂ ਵਿਚ ਸਥਾਪਿਤ ਇਕ ਹਜ਼ਾਰ 200 ਵੋਕੇਸ਼ਨਲ ਸਕਿੱਲ ਲੈਬਾਂ ਦਾ ਵੀ ਉਦਘਾਟਨ ਕੀਤਾ। ਪ੍ਰਧਾਨ ਮੰਤਰੀ ਨੇ ਬਿਹਾਰ ਦੀ ਪੁਨਰਗਠਿਤ ਮੁੱਖ ਮੰਤਰੀ ਨਿਸ਼ਚੇ ਸਵੈ ਸਹਾਇਤਾ ਭੱਤਾ ਯੋਜਨਾ ਵੀ ਸ਼ੁਰੂ ਕੀਤੀ, ਜਿਸ ਤਹਿਤ ਹਰ ਸਾਲ ਲਗਭਗ ਪੰਜ ਲੱਖ ਗ੍ਰੈਜੂਏਟ ਨੌਜਵਾਨਾਂ ਨੂੰ ਦੋ ਸਾਲਾਂ ਲਈ ਮੁਫ਼ਤ ਹੁਨਰ ਸਿਖਲਾਈ ਨਾਲ 1 ਹਜ਼ਾਰ ਰੁਪਏ ਦਾ ਮਾਸਿਕ ਭੱਤਾ ਮਿਲੇਗਾ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਸਮਾਗਮ ਵਿਚ ਹੁਨਰ ਵਿਕਾਸ ਤੇ ਉੱਦਮਤਾ ਮੰਤਰਾਲੇ ਅਧੀਨ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ 46 ਆਲ ਇੰਡੀਆ ਟੌਪਰਾਂ ਨੂੰ ਸਨਮਾਨਿਤ ਵੀ ਕੀਤਾ।

---------------------------------------------------------------------------------

ਜੰਮੂ-ਕਸ਼ਮੀਰ ਵਿਚ ਖਰਾਬ ਮੌਸਮ ਦੇ ਚਲਦਿਆਂ ਸ੍ਰੀ ਮਾਤਾ ਵੈਸ਼ਨੋ ਦੇਵੀ ਯਾਤਰਾ ਕੱਲ੍ਹ ਤੋਂ ਇਸ ਮਹੀਨੇ ਦੀ 7 ਤਰੀਕ ਤੱਕ ਮੁਲਤਵੀ ਰਹੇਗੀ। ਇਹ ਫੈਸਲਾ ਸ਼ਰਧਾਲੂਆਂ ਦੀ ਸੁਰੱਖਿਆ ਤੇ ਤੰਦਰੁਸਤੀ ਨੂੰ ਧਿਆਨ ਵਿਚ ਰੱਖਦੇ ਹੋਏ ਲਿਆ ਗਿਆ ਏ। ਸ਼ਰਧਾਲੂਆਂ ਨੂੰ ਸਲਾਹ ਦਿੱਤੀ ਜਾਂਦੀ ਏ ਕਿ ਉਹ ਸ੍ਰੀ ਮਾਤਾ ਵੈਸ਼ਨੋ ਦੇਵੀ ਸ਼ਰਾਈਨ ਬੋਰਡ ਦੁਆਰਾ

ਆਪਣੀ ਵੈੱਬਸਾਈਟ ਤੇ ਹੋਰ ਅਧਿਕਾਰਤ ਸੰਚਾਰ ਚੈਨਲਾਂ ਰਾਹੀਂ ਜਾਰੀ ਕੀਤੇ ਗਏ ਅਧਿਕਾਰਤ ਅਪਡੇਟ ਦੀ ਪਾਲਣਾ ਕਰਨ।

---------------------------------------------------------------------------------

ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦਾਣਾ ਮੰਡੀ ਗੁਰਦਾਸਪੁਰ ਵਿਖੇ ਝੋਨੇ ਦੀ ਖ਼ਰੀਦ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਕਿਹਾ ਕਿ  ਸੂਬਾ ਸਰਕਾਰ ਵਲੋਂ ਝੋਨੇ ਦੀ ਖ਼ਰੀਦ ਲਈ ਰਾਜ ਭਰ ਵਿਚ 1822 ਖ਼ਰੀਦ ਕੇਂਦਰ ਸਥਾਪਿਤ ਕੀਤੇ ਗਏ ਨੇ ਤੇ ਸਾਰੀਆਂ ਹੀ ਮੰਡੀਆਂ ਵਿਚ 16 ਸਤੰਬਰ ਤੋਂ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਏ। ਉਹਨਾਂ  ਦੱਸਿਆ ਕਿ ਹੁਣ ਤੱਕ ਰਾਜ ਭਰ ਦੀਆਂ ਮੰਡੀਆਂ ਵਿੱਚ 4.21 ਲੱਖ ਮੀਟਰਿਕ ਟਨ ਝੋਨਾ ਆਇਆ ਏ , ਜਿਸ ਵਿੱਚੋਂ 4 ਲੱਖ ਮੀਟਰਿਕ ਟਨ ਖ਼ਰੀਦਿਆ ਜਾ ਚੁੱਕਾ ਏ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਮੰਡੀਆਂ ਵਿਚ ਖ਼ਰੀਦੇ ਗਏ ਝੋਨੇ ਦੀ ਨਾਲੋ-ਨਾਲ ਲਿਫ਼ਟਿੰਗ ਕੀਤੀ ਜਾ ਰਹੀ ਏ ਤੇ ਕਿਸਾਨਾਂ ਨੂੰ 24 ਘੰਟੇ ਵਿੱਚ ਅਦਾਇਗੀ ਯਕੀਨੀ ਬਣਾਈ ਜਾ ਰਹੀ ਏ। ਉਹਨਾਂ  ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 721 ਕਰੋੜ ਰੁਪਏ ਝੋਨੇ ਦੀ ਅਦਾਇਗੀ ਕੀਤੀ ਜਾ ਚੁੱਕੀ ਏ।

---------------------------------------------------------------------------

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਤੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਕਿਹਾ ਏ ਕਿ ਪੰਜਾਬ ਸਰਕਾਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਸਬੰਧੀ ਦੇਸ਼ ਭਰ ਵਿਚ ਸਮਾਗਮ ਕਰਵਾਉਣ ਜਾ ਰਹੀ ਏ। ਉਨ੍ਹਾਂ ਕਿਹਾ ਕਿ ਸਮਾਗਮਾਂ ਦੀ ਅਧਿਕਾਰਤ ਸ਼ੁਰੂਆਤ 25 ਅਕਤੂਬਰ ਨੂੰ ਦਿੱਲੀ ਦੇ ਗੁਰਦੁਆਰਾ ਸੀਸ ਗੰਜ ਸਾਹਿਬ ਤੋਂ  ਹੋਵੇਗੀ, ਜਿਸ ਤੋਂ ਬਾਅਦ ਉਸੇ ਸ਼ਾਮ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਕੀਰਤਨ ਦਰਬਾਰ ਹੋਵੇਗਾ। ਇਸ ਤੋਂ ਬਾਅਦ ਮੁੱਖ ਸਮਾਗਮ 23 ਤੋਂ 25 ਨਵੰਬਰ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਣਗੇ। 19 ਤੋਂ 30 ਨਵੰਬਰ ਤੱਕ ਰੋਜ਼ਾਨਾ ਸਮਾਗਮਾਂ ਵਿੱਚ ਅਖੰਡ ਪਾਠ ਸਾਹਿਬ, ਸਰਬ ਧਰਮ ਸੰਮੇਲਨ, ਪ੍ਰਦਰਸ਼ਨੀਆਂ ਤੇ ਡਰੋਨ ਸ਼ੋਅ ਹੋਣਗੇ। ਸ.  ਬੈਂਸ ਨੇ ਅੱਗੇ ਕਿਹਾ ਕਿ ਪੰਜਾਬ ਵਿਧਾਨ ਸਭਾ ਦਾ ਇਕ ਇਤਿਹਾਸਕ ਇਜਲਾਸ 24 ਨਵੰਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਕਰਵਾਉਣ ਦਾ ਵੀ ਪ੍ਰਸਤਾਵ ਏ।

---------------------------------------------------------------------------

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿਚ ਵੱਖ-ਵੱਖ ਬੁਨਿਆਦੀ ਢਾਂਚੇ ਤੇ ਨਾਗਰਿਕ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਨ ਲਈ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ

ਦੌਰਾਨ ਉਨਾਂ ਰਾਸ਼ਟਰੀ ਰਾਜਮਾਰਗ ਅਥਾਰਟੀ ਦੇ ਅਧਿਕਾਰੀਆਂ ਨੂੰ ਲੁਧਿਆਣਾ ਵਿਚ ਰਾਸ਼ਟਰੀ ਰਾਜਮਾਰਗਾਂ ਦੇ ਨਾਲ-ਨਾਲ ਸਰਵਿਸ ਲੇਨਾਂ ਦੀ ਤੁਰੰਤ ਮੁਰੰਮਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਨਗਰ ਨਿਗਮ ਤੇ ਕਮਿਸ਼ਨਰੇਟ ਪੁਲਿਸ ਨੂੰ ਲੁਧਿਆਣਾ-ਫਿਰੋਜ਼ਪੁਰ ਐਲੀਵੇਟਿਡ ਹਾਈਵੇਅ ਦੇ ਥੰਮ੍ਹਾਂ ਨੂੰ ਵਿਗਾੜਨ ਵਾਲੇ ਵਿਅਕਤੀਆਂ ਵਿਰੁੱਧ ਐਫ.ਆਈ.ਆਰ. ਦਰਜ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਨਗਰ ਨਿਗਮ ਨੂੰ ਜਨਤਕ ਸੜਕਾਂ ਤੋਂ ਕੂੜਾ ਤੇ ਲਾਵਾਰਿਸ ਵਾਹਨਾਂ ਨੂੰ ਤੁਰੰਤ ਹਟਾਉਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

---------------------------------------------------------------------------

ਦੇਸ਼ ਭਰ ਵਿਚ ਅਕਤੂਬਰ ਦੇ ਪਹਿਲੇ ਹਫ਼ਤੇ ਵਣਜੀਵ ਹਫ਼ਤਾ ਮਨਾਇਆ ਜਾਂਦਾ ਏ, ਜਿਸ ਦਾ ਉਦੇਸ਼ ਵਣਜੀਵ ਤੇ ਉਨ੍ਹਾਂ ਦੇ ਨਿਵਾਸ ਸਥਾਨਾਂ ਦੀ ਸੰਭਾਲ਼ ਲਈ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਏ। ਇਸ ਸਾਲ ਵਣਜੀਵ ਹਫ਼ਤੇ ਦਾ ਵਿਸ਼ਾ "ਮਨੁੱਖ-ਪ੍ਰਾਣੀ ਸਹਿਹੋਂਦ" ਏ। ਵਣ ਤੇ ਵਣਜੀਵ ਵਿਭਾਗ ਚੰਡੀਗੜ੍ਹ 3 ਤੋਂ 8 ਅਕਤੂਬਰ ਤੱਕ ਵੱਖ-ਵੱਖ ਪ੍ਰੋਗਰਾਮ ਕਰਵਾ ਰਿਹਾ ਏ, ਜਿਸ ਤਹਿਤ ਸਲਾਨਾ ਟ੍ਰੈਕਿੰਗ ਸਮਾਗਮ ਦੀ ਸ਼ੁਰੂਆਤ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਮਨਦੀਪ ਸਿੰਘ ਬਰਾੜ ਨੇ ਕੀਤੀ। ਇਸ ਤਹਿਤ ਸੁਖਨਾ ਵਾਇਲਡਲਾਇਫ ਸੈਂਚੁਰੀ ਨੂੰ ਨਾਗਰਿਕਾਂ

ਲਈ ਦੁਬਾਰਾ ਖੋਲ੍ਹ ਦਿੱਤਾ ਗਿਆ ਏ , ਜੋ ਕਿ ਮੌਨਸੂਨ ਦੌਰਾਨ 4 ਮਹੀਨੇ ਤੱਕ ਬੰਦ ਰਹਿੰਦੀ ਏ ।

---------------------------------------------------------------------------